# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 09-08-2024**

ਪੈਰਿਸ ਓਲੰਪਿਕ ਵਿਚ ਕੱਲ ਦਾ ਦਿਨ ਮਰਦ ਹਾਕੀ ਅਤੇ ਜੈਵਲਿਨ ਮੁਕਾਬਲੇ ਵਿਚ ਦੋ ਤਮਗਿਆਂ ਨਾਲ ਭਾਰਤ ਲਈ ਇਤਹਾਸਿਕ ਹੋ ਨਿਬੜਿਆ।ਜੈਵਲਿਨ ਵਿੱਚ ਭਾਰਤੀ ਥ੍ਰੋਅਰ ਨੀਰਜ ਚੋਪੜਾ ਨੇ, ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਚਾਂਦੀ ਦਾ ਤਗਮਾ ਭਾਰਤ ਦੀ ਝੋਲੀ ਪਾਇਆ । ਉਨ੍ਹਾਂ ਨੇ 89.45 ਮੀਟਰ ਦੀ ਥਰੋਅ ਕੀਤੀ। ਉੱਥੇ ਨਾਲ ਹੀ ਪਾਕਿਸਤਾਨ ਦੇ ਅਰਸ਼ਦ ਨਦੀਮ ਨੇ 92.97 ਮੀਟਰ ਥਰੋਅ ਕਰਕੇ ਓਲੰਪਿਕ ਰਿਕਾਰਡ ਬਣਾਇਆ ਅਤੇ ਸੋਨ ਤਮਗਾ ਜਿੱਤਿਆ । ਜਦਕਿ ਗ੍ਰੇਨਾਡਾ ਦੇ ਐਂਡਰਸਨ ਪੀਟਰਸ ਨੇ 88.54 ਮੀਟਰ ਦੀ ਦੂਰੀ ’ਤੇ ਜੈਵਲਿਨ ਸੁੱਟ ਕੇ ਕਾਂਸੀ ਦਾ ਤਗਮਾ ਜਿੱਤਿਆ। ਨੀਰਜ ਚੋਪੜਾ ਦੀ ਪਹਿਲੀ ਕੋਸ਼ਿਸ਼ ਫਾਊਲ ਹੋ ਗਈ। ਹਾਲਾਂਕਿ ਦੂਜੀ ਕੋਸ਼ਿਸ਼ 'ਚ ਨੀਰਜ ਚੋਪੜਾ ਨੇ 89.45 ਮੀਟਰ ਦੀ ਦੂਰੀ 'ਤੇ ਜੈਵਲਿਨ ਸੁੱਟ ਕੇ ਚਾਂਦੀ ਦਾ ਤਗਮਾ ਹਾਸਲ ਕੀਤਾ। ਇਸ ਤੋਂ ਬਾਅਦ ਨੀਰਜ ਦੀਆਂ ਬਾਕੀ ਕੋਸ਼ਿਸ਼ਾਂ ਫਾਊਲ ਰਹੀਆਂ। ਅਜਿਹੇ 'ਚ ਨੀਰਜ ਨੇ ਸਿਰਫ ਇਕ ਸਫਲ ਥਰੋਅ

ਰਾਹੀਂ ਦੂਜਾ ਸਥਾਨ ਹਾਸਲ ਕੀਤਾ। ਇਹ ਸੀਜ਼ਨ ਦਾ ਉਨ੍ਹਾਂ ਦਾ ਸਰਵੋਤਮ ਥਰੋਅ ਏ । ਪੈਰਿਸ ਓਲੰਪਿਕ 'ਚ ਚਾਂਦੀ ਦਾ ਤਮਗਾ ਜਿੱਤਣ 'ਤੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਨੀਰਜ ਚੋਪੜਾ ਨੂੰ ਵਧਾਈ ਦਿੱਤੀ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਇੱਕ ਸੰਦੇਸ਼ ਵਿੱਚ ਕਿਹਾ ਏ ਕਿ ਦੇਸ਼ ਨੂੰ ਨੀਰਜ ਦੀ ਉਪਲਬਧੀ 'ਤੇ ਮਾਣ ਏ ਅਤੇ ਇਹ ਜਿੱਤ, ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦੀ ਰਹੇਗੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਨੀਰਜ ਨੇ ਵਾਰ-ਵਾਰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਏ ਅਤੇ ਭਾਰਤ, ਉਸਦੀ ਸਫਲਤਾ ਤੋਂ ਬਹੁਤ ਖੁਸ਼ ਏ ।

---------------------------------------------------------------

ਪੈਰਿਸ ਓਲੰਪਿਕ ਵਿਚ ਨੀਰਜ ਚੋਪੜਾ ਦੀ ਇਸ ਜਿੱਤ 'ਤੇ, ਲੋਕਾਂ ਵਿਚ ਖੁਸ਼ੀ ਦੀ ਲਹਿਰ ਏ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਪ੍ਰੋਫ਼ੈਸਰ ਗੁਰਮੀਤ ਸਿੰਘ ਦਾ ਕਹਿਣਾ ਏ, ਕਿ ਨੀਰਜ ਕਰਕੇ ਦੇਸ਼ ਦੇ ਹੋਰ ਨੌਜਵਾਨ ਵੀ ਪ੍ਰੇਰਿਤ ਹੋਣਗੇ।

---------------------------------------------------------------

ਪੈਰਿਸ ਓਲੰਪਿਕ ਵਿੱਚ, ਭਾਰਤੀ ਹਾਕੀ ਟੀਮ ਨੇ 52 ਸਾਲਾਂ ਵਿੱਚ ਪਹਿਲੀ ਵਾਰ ਲਗਾਤਾਰ ਦੂਜਾ ਓਲੰਪਿਕ ਕਾਂਸੀ ਤਗਮਾ ਜਿੱਤਿਆ ਏ ।

ਭਾਰਤ ਨੇ ਕਪਤਾਨ ਹਰਮਨਪ੍ਰੀਤ ਸਿੰਘ ਦੇ ਦੋ ਗੋਲਾਂ ਅਤੇ ਗੋਲਕੀਪਰ ਪੀਆਰ ਸ੍ਰੀਜੇਸ਼ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਮਦਦ ਨਾਲ, ਸਪੇਨ ਨੂੰ 2-1 ਨਾਲ ਹਰਾ ਕੇ ਤਮਗਾ ਮੈਚ ਜਿਤਿਆ। ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਿਹਾ ਕਿ ਭਾਰਤੀ ਟੀਮ ਦੇਸ਼ ਵਿੱਚ ਹਾਕੀ ਵਿੱਚ ਆਪਣੀਆਂ ਪ੍ਰਾਪਤੀਆਂ ਲਈ ਸਭ ਤੋਂ ਵੱਧ ਸ਼ਲਾਘਾ ਦੀ ਹੱਕਦਾਰ ਏ। ਉਨ੍ਹਾਂ ਕਿਹਾ ਕਿ ਟੀਮ ਦੀ ਨਿਰੰਤਰਤਾ, ਹੁਨਰ, ਏਕਤਾ ਅਤੇ ਮੁਕਾਬਲੇ ਦੀ ਭਾਵਨਾ, ਦੇਸ਼ ਦੇ ਨੌਜਵਾਨਾਂ ਨੂੰ ਪ੍ਰੇਰਿਤ ਕਰੇਗੀ।ਇਸ ਇਤਿਹਾਸਕ ਜਿੱਤ 'ਤੇ ਉਪ - ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਕਿ ਭਾਰਤੀ ਹਾਕੀ ਖਿਡਾਰੀਆਂ ਨੇ, ਵਿਸ਼ਵ ਮੰਚ 'ਤੇ ਭਾਰਤ ਦਾ ਨਾਂ ਰੌਸ਼ਨ ਕੀਤਾ ਏ। ਉਨ੍ਹਾਂ ਨੇ ਟੀਮ ਦੇ ਸੁਨਹਿਰੇ ਭਵਿੱਖ ਦੀ ਕਾਮਨਾ ਕੀਤੀ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਤਮਗਾ ਜੇਤੂ ਭਾਰਤੀ ਹਾਕੀ ਟੀਮ ਦੇ ਮੈਂਬਰਾਂ ਨਾਲ, ਫ਼ੋਨ 'ਤੇ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਉਨ੍ਹਾਂ ਨੂੰ ਵਧਾਈ ਦਿੱਤੀ। ਉਨ੍ਹਾਂ ਸੈਮੀਫਾਈਨਲ ਵਿੱਚ ਜਰਮਨੀ ਨਾਲ ਹੋਏ ਰੋਮਾਂਚਕ ਮੈਚ 'ਚ ਟੀਮ ਦੇ ਜਜ਼ਬੇ ਦੀ ਵੀ ਸ਼ਲਾਘਾ ਕੀਤੀ।

---

ਦੇਸ਼ ਭਗਤੀ ਦੀ ਭਾਵਨਾ ਨੂੰ ਪ੍ਰਫੁੱਲਤ ਕਰਨ ਲਈ, ਅੱਜ ਤੋਂ 15 ਅਗਸਤ ਤੱਕ ਦੇਸ਼ ਦੇ ਹਰ ਘਰ ਵਿੱਚ ਤਿਰੰਗਾ ਲਹਿਰਾਉਣ ਦੀ ਮੁਹਿੰਮ ਚਲਾਈ

ਜਾਵੇਗੀ। ਸੱਭਿਆਚਾਰ ਅਤੇ ਸੈਰ-ਸਪਾਟਾ ਮੰਤਰੀ ਗਜੇਂਦਰ ਸਿੰਘ ਸ਼ੇਖਾਵਤ ਨੇ ਲੋਕਾਂ ਨੂੰ, ਘਰ-ਘਰ ਤਿਰੰਗਾ ਲਹਿਰਾਉਣ ਅਤੇ ਤਿਰੰਗੇ ਨਾਲ ਸੈਲਫੀ ਲੈਣ ਅਤੇ ਇਸ ਨੂੰ ਹਰ ਘਰ ਤਿਰੰਗੇ ਦੀ ਵੈੱਬਸਾਈਟ 'ਤੇ ਅਪਲੋਡ ਕਰਨ ਦੀ ਅਪੀਲ ਕੀਤੀ ਏ । ਇਸ ਦੌਰਾਨ ਦੇਸ਼ ਭਰ ਵਿੱਚ 200 ਤੋਂ ਵੱਧ ਸੱਭਿਆਚਾਰਕ ਪ੍ਰੋਗਰਾਮ ਕਰਵਾਏ ਜਾਣਗੇ ਅਤੇ 13 ਅਗਸਤ ਨੂੰ ਸੰਸਦ ਮੈਂਬਰ ਅਤੇ ਮੰਤਰੀ ਤਿਰੰਗਾ ਮੋਟਰਸਾਈਕਲ ਰੈਲੀ ਕੱਢਣਗੇ । ਹਰ ਘਰ ਤਿਰੰਗਾ ਅਭਿਆਨ ਸਾਲ 2022 ਵਿੱਚ ਸ਼ੁਰੂ ਕੀਤਾ ਗਿਆ ਸੀ।

------------------------------------------------------------

ਟੂ ਪੰਜਾਬ NCC ਬਟਾਲੀਅਨ ਦੀ ਅਗਵਾਈ ਹੇਠ, ਵੱਖ - ਵੱਖ ਕਾਲਜਾਂ ਅਤੇ ਸਕੂਲਾਂ ਵਿੱਚ ਹਜ਼ਾਰਾਂ ਰੁੱਖ ਲਗਾ ਕੇ ਕੁਦਰਤ ਦੀ ਸੰਭਾਲ ਵਿੱਚ ਯੋਗਦਾਨ ਪਾਇਆ ਏ। NCC ਦੇ ਕਮਾਂਡਿੰਗ ਅਫਸਰ ਕਰਨਲ ਵਿਨੋਦ ਜੋਸ਼ੀ ਨੇ ਦੱਸਿਆ ਕਿ 'ਏਕ ਕੈਡੇਟ ਏਕ ਪੇੜ' ਦੇ ਸੰਕਲਪ ਨਾਲ, ਬਟਾਲੀਅਨ ਵੱਖ ਵੱਖ ਕਿਸਮ ਦੇ ਪੇੜ ਕੈਡਿਟਾਂ ਨੂੰ ਪ੍ਰਦਾਨ ਕਰ ਰਹੀ ਏ । ਹਰੇਕ ਕੈਡਿਟ ਇੱਕ ਸਾਲ ਲਈ, ਰੁੱਖ ਦੀ ਦੇਖਭਾਲ ਤੇ ਸੁਰੱਖਿਆ ਲਈ ਜ਼ਿੰਮੇਵਾਰ ਹੋਵੇਗਾ। ਕਰਨਲ ਜੋਸ਼ੀ ਨੇ ਕਿਹਾ ਕਿ ਵਿਸ਼ਵ

ਦੇ ਤਾਪਮਾਨ, ਮਾਨਸੂਨ ਅਤੇ ਨਮੀ ਨੂੰ ਨਿਯਮਤ ਕਰਨ ਵਿੱਚ ਰੁੱਖਾਂ ਦਾ ਅਹਿਮ ਯੋਗਦਾਨ ਏ। ਉਨਾਂ ਕਿਹਾ ਕਿ ਆਬਾਦੀ ਵਧਣ ਕਾਰਨ, ਜੰਗਲਾਂ ਦੀ ਕਟਾਈ ਹੋ ਰਹੀ ਏ ਅਤੇ ਸਾਡੇ ਜੀਵਨ ਵਿਚ ਰੁੱਖਾਂ ਦਾ ਕੁਦਰਤ ਨਾਲ ਇਕਸੁਰਤਾ ਬਣਾਈ ਰੱਖਣ ਵਿਚ ਬਹੁਤ ਮਹੱਤਵਪੂਰਨ ਯੋਗਦਾਨ ਏ ਤੇ ਇਨਾਂ ਨਾਲ ਹੜ੍ਹ, ਸੋਕਾ, ਵਧਦੇ ਤਾਪਮਾਨ ਨੂੰ ਰੋਕਿਆ ਜਾ ਸਕਦਾ ਏ। ਕਰਨਲ ਜੋਸ਼ੀ ਨੇ ਕਿਹਾ ਕਿ ਦੇਸ਼ ਭਰ ਵਿੱਚ ਐਨ ਸੀ ਸੀ ਇਸ ਮਾਨਸੂਨ ਵਿੱਚ 17 ਲੱਖ ਰੁੱਖ ਲਗਾਉਣ ਦੇ ਸੰਕਲਪ ਨਾਲ ਕੰਮ ਕਰ ਰਹੀ ਏ। ਉਨਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿੱਚ 36 ਵਿੱਦਿਅਕ ਸੰਸਥਾਵਾਂ ਨੂੰ ਹਜ਼ਾਰਾਂ ਰੁੱਖ ਦਿੱਤੇ ਜਾਣਗੇ ਅਤੇ ਇਹ ਯਤਨ ਹੋਵੇਗਾ ਕਿ ਇਸ ਮਾਨਸੂਨ ਵਿੱਚ ਜਲੰਧਰ ਸ਼ਹਿਰ ਵਿੱਚ ਹਜ਼ਾਰਾਂ ਰੁੱਖ ਲਗਾਏ ਜਾਣ ਤਾਂ ਜੋ ਗਰਮੀਆਂ ਵਿੱਚ ਤਾਪਮਾਨ ਕੰਟਰੋਲ ਕੀਤਾ ਜਾ ਸਕੇ।

---------------------------------------------------------

ਲੁਧਿਆਣਾ ਪ੍ਰਸ਼ਾਸਨ ਵੱਲੋਂ "ਕੈਪਚਰ ਲੁਧਿਆਣਾ: ਮੋਮੈਂਟਸ ਆਫ਼ ਗ੍ਰੀਨੋ ਸਿਰਲੇਖ ਹੇਠ ਕਰਵਾਏ ਗਏ ਫੋਟੋਗ੍ਰਾਫੀ ਮੁਕਾਬਲੇ ਵਿੱਚ, ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੋ ਵਿਅਕਤੀਆਂ ਨੂੰ ਉਨ੍ਹਾਂ ਦੀਆਂ ਬਿਹਤਰੀਨ ਤਸਵੀਰਾਂ ਲਈ ਸਨਮਾਨਿਤ ਕੀਤਾ। ਉਨ੍ਹਾਂ ਫੋਟੋਗ੍ਰਾਫਰ ਜਤਿਨ ਮਲਹੋਤਰਾ ਤੇ ਸਰਕਾਰੀ ਅਧਿਆਪਕ ਕੁਲਦੀਪ ਸਿੰਘ ਨੂੰ

ਵਧੀਆ ਤਸਵੀਰਾਂ ਲਈ ਸਨਮਾਨਿਤ ਕੀਤਾ ਤੇ ਪ੍ਰਸ਼ੰਸਾ ਸਰਟੀਫਿਕੇਟ ਦਿੱਤੇ । ਉਨਾਂ ਕਿਹਾ ਕਿ ਚੁਣੀਆਂ ਗਈਆਂ ਤਸਵੀਰਾਂ ਜ਼ਿਲ੍ਹੇ ਦੀ ਅਧਿਕਾਰਤ ਵੈੱਬਸਾਈਟ ਅਤੇ ਜਨਤਕ ਪ੍ਰਦਰਸ਼ਨੀ 'ਤੇ ਦਿਖਾਈਆਂ ਜਾਣਗੀਆਂ।